# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 24-03-2026**

## ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪੱਛਮੀ ਏਸ਼ੀਆ ਖੇਤਰ ਵਿੱਚ ਸ਼ਾਂਤੀ ਬਹਾਲ ਕਰਨ ਲਈ ਗੱਲਬਾਤ ਅਤੇ ਕੂਟਨੀਤੀ ਦਾ ਕੀਤਾ ਸਮਰਥਨ ਉਨ੍ਹਾਂ ਦੇਸ਼ ਕੋਲ ਕੱਚੇ ਤੇਲ ਦੇ ਲੋੜੀਂਦੇ ਭੰਡਾਰ ਅਤੇ ਨਿਰੰਤਰ ਸਪਲਾਈ  ਦਾ ਭਰੋਸਾ ਦਵਾਇਆ ।

- ਪੰਜਾਬ ਸਰਕਾਰ ਨੇ ਲੁਧਿਆਣਾ ਜ਼ਿਲ੍ਹੇ ਦੇ ਇਤਿਹਾਸਕ ਸ੍ਰੀ ਭੈਣੀ ਸਾਹਿਬ ਪਿੰਡ ਲਈ, 13 ਕਰੋੜ 36 ਲੱਖ ਰੁਪਏ ਦੇ ਮੈਗਾ ਸੀਵਰੇਜ ਪ੍ਰੋਜੈਕਟ ਨੂੰ ਮਨਜ਼ੂਰੀ ਦਿਤੀ ।

- ਮੁੱਖ  ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੰਜਾਬ 'ਚ ਖੇਡਾਂ ਸਬੰਧੀ  ਅਹਿਮ ਐਲਾਨ ਕੀਤੇ ।

- ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਖੇਤਰੀ ਖੋਜ ਕੇਂਦਰ, ਬਠਿੰਡਾ ਵਿਖੇ ਸਾਉਣੀ ਦੀਆਂ ਫ਼ਸਲਾਂ ਬਾਰੇ ਕਿਸਾਨ ਮੇਲੇ ਦਾ ਆਯੋਜਨ।

## ਹੁਣ ਖਬਰਾਂ ਵਿਸਥਾਰ ਨਾਲ

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪੱਛਮੀ ਏਸ਼ੀਆ ਖੇਤਰ ਵਿੱਚ ਸ਼ਾਂਤੀ ਬਹਾਲ ਕਰਨ ਲਈ ਗੱਲਬਾਤ ਅਤੇ ਕੂਟਨੀਤੀ ਦਾ ਸਮਰਥਨ ਕੀਤਾ ਏ। ਅੱਜ ਰਾਜ ਸਭਾ ਵਿੱਚ, ਪੱਛਮੀ ਏਸ਼ੀਆ 'ਤੇ ਭਾਰਤ ਦੀ ਸਥਿਤੀ ਸਪੱਸ਼ਟ ਕਰਦੇ ਹੋਏ, ਉਨ੍ਹਾਂ ਕਿਹਾ ਕਿ ਭਾਰਤ ਨੇ ਹੋਰਮੁਜ਼ ਪਣਜੋੜ  ਨੂੰ ਘਟਾਉਣ ਅਤੇ ਮੁੜ ਖੋਲ੍ਹਣ ਦਾ ਮੁੱਦਾ ਉਠਾਇਆ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਪੱਛਮੀ ਏਸ਼ੀਆ ਵਿੱਚ ਟਕਰਾਅ ਤੋਂ ਬਾਅਦ, ਉਨ੍ਹਾਂ ਨੇ ਖਾੜੀ ਦੇਸ਼ਾਂ ਦੇ ਨੇਤਾਵਾਂ ਦੇ ਨਾਲ-ਨਾਲ ਈਰਾਨ, ਇਜ਼ਰਾਈਲ ਅਤੇ ਅਮਰੀਕਾ ਨਾਲ ਟੈਲੀਫੋਨ 'ਤੇ ਗੱਲ ਕੀਤੀ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਦਾ ਉਦੇਸ਼ ਗੱਲਬਾਤ ਅਤੇ ਕੂਟਨੀਤੀ ਰਾਹੀਂ ਖੇਤਰ ਵਿੱਚ ਸ਼ਾਂਤੀ ਬਹਾਲ ਕਰਨਾ ਏ। ਉਨ੍ਹਾਂ ਕਿਹਾ ਕਿ ਭਾਰਤ ਨੇ ਤਣਾਅ ਘਟਾਉਣ ਅਤੇ ਹੋਰਮੁਜ਼ ਪਣਜੋੜ ਨੂੰ ਦੁਬਾਰਾ ਖੋਲ੍ਹਣ ਦੀ ਜ਼ਰੂਰਤ

'ਤੇ ਚਰਚਾ ਕੀਤੀ ਏ।   ਉਨ੍ਹਾਂ ਕਿਹਾ ਕਿ ਇਹ ਸਥਿਤੀ ਭਾਰਤ ਲਈ ਵੀ ਚਿੰਤਾ ਦਾ ਵਿਸ਼ਾ ਏ  ਕਿਉਂਕਿ ਟਕਰਾਅ ਕਾਰਨ ਵਪਾਰਕ ਮਾਰਗਾਂ ਵਿਚ ਵਿਘਨ ਪਾ ਰਿਹਾ ਏ।  ਪ੍ਰਧਾਨ ਮੰਤਰੀ ਨੇ ਕਿਹਾ ਕਿ ਪਿਛਲੇ ਕੁਝ ਦਿਨਾਂ ਵਿੱਚ, ਦੁਨੀਆ ਭਰ ਦੇ ਕਈ ਦੇਸ਼ਾਂ ਤੋਂ ਕੱਚੇ ਤੇਲ ਅਤੇ ਐਲਪੀਜੀ ਨਾਲ ਭਰੇ ਜਹਾਜ਼ ਭਾਰਤ ਪਹੁੰਚੇ ਨੇ। ਉਨ੍ਹਾਂ ਕਿਹਾ ਕਿ ਭਾਰਤ ਖਾਦ, ਤੇਲ ਅਤੇ ਗੈਸ ਵਰਗੀਆਂ ਜ਼ਰੂਰੀ ਵਸਤੂਆਂ ਨੂੰ ਲੈ ਕੇ ਜਾਣ ਵਾਲੇ ਸਾਰੇ ਜਹਾਜ਼ਾਂ ਦੇ ਸੁਰੱਖਿਅਤ ਰਸਤੇ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਏ।

BYTE

---------------------------------------------------------------------

ਰੇਲਵੇ ਮੰਤਰੀ ਅਸ਼ਵਨੀ ਵੈਸ਼ਨਵ ਨੇ ਅੱਜ ਨਵੀਂ ਦਿੱਲੀ ਵਿੱਚ ਪੰਜ ਸੁਧਾਰਾਂ ਦਾ ਐਲਾਨ ਕੀਤਾ, ਜੋ ਕਿ ਇਸ ਸਾਲ 52 ਹਫ਼ਤਿਆਂ ਵਿੱਚ 52 ਸੁਧਾਰਾਂ ਦੇ ਭਾਰਤੀ ਰੇਲਵੇ ਦੇ ਵਾਅਦੇ ਦੇ ਹਿੱਸੇ ਵਜੋਂ ਨੇ। ਨਵੀਂ ਦਿੱਲੀ ਵਿੱਚ ਪੱਤਰਕਾਰਾਂ ਨੂੰ ਸੰਬੋਧਨ ਕਰਦੇ ਹੋਏ, ਸ਼੍ਰੀ ਵੈਸ਼ਨਵ ਨੇ ਟਿਕਟ ਰੱਦ ਕਰਨ ਅਤੇ ਰਿਫੰਡ ਨਿਯਮਾਂ ਵਿੱਚ ਸੁਧਾਰ, ਰੇਲਗੱਡੀ ਵਿੱਚ ਚੜ੍ਹਨ ਵਾਲੇ ਸਟੇਸ਼ਨ ਵਿੱਚ , ਨਮਕ ਦੀ

ਆਵਾਜਾਈ, ਵਾਹਨ ਆਵਾਜਾਈ ਅਤੇ ਨਿਰਮਾਣ ਗੁਣਵੱਤਾ ਵਿੱਚ ਸੁਧਾਰਾਂ ਦਾ ਐਲਾਨ ਕੀਤਾ। ਟਿਕਟ ਰੱਦ ਕਰਨ ਅਤੇ ਰਿਫੰਡ ਨਿਯਮਾਂ ਵਿੱਚ ਸੁਧਾਰਾਂ ਬਾਰੇ, ਸ਼੍ਰੀ ਵੈਸ਼ਨਵ ਨੇ ਕਿਹਾ ਕਿ ਰੇਲਗੱਡੀ ਦੇ ਰਵਾਨਗੀ ਤੋਂ 72 ਘੰਟੇ ਤੋਂ ਵੱਧ ਸਮੇਂ ਪਹਿਲਾਂ ਰੱਦ ਕੀਤੀਆਂ ਟਿਕਟਾਂ ਲਈ ਪ੍ਰਤੀ ਯਾਤਰੀ ਘੱਟੋ-ਘੱਟ ਇੱਕ ਵਾਰ ਰੱਦ ਕਰਨ ਦੀ ਫੀਸ ਲਾਗੂ ਹੋਵੇਗੀ। ਰੇਲਗੱਡੀ ਵਿਚ ਚੜ੍ਹਨ ਦੇ ਨਿਯਮਾਂ ਵਿੱਚ ਕੀਤੇ ਗਏ ਸੁਧਾਰਾਂ ਬਾਰੇ, ਸ਼੍ਰੀ ਵੈਸ਼ਨਵ ਨੇ ਕਿਹਾ ਕਿ ਬੋਰਡਿੰਗ ਪੁਆਇੰਟ ਹੁਣ ਰੇਲਗੱਡੀ ਦੇ ਰਵਾਨਗੀ ਤੋਂ 30 ਮਿੰਟ ਪਹਿਲਾਂ ਤੱਕ ਬਦਲੇ ਜਾ ਸਕਦੇ ਨੇ । ਉਨ੍ਹਾਂ ਕਿਹਾ ਕਿ ਪਹਿਲਾਂ, ਬੋਰਡਿੰਗ ਪੁਆਇੰਟ ਸਿਰਫ਼ ਰੇਲਗੱਡੀ ਚਾਰਟ ਤਿਆਰ ਹੋਣ ਤੋਂ ਪਹਿਲਾਂ ਹੀ ਬਦਲੇ ਜਾ ਸਕਦੇ ਸਨ।

---

ਪੰਜਾਬ ਸਰਕਾਰ ਨੇ ਲੁਧਿਆਣਾ ਜ਼ਿਲ੍ਹੇ 'ਚ ਸਾਹਨੇਵਾਲ ਹਲਕੇ ਦੇ ਇਤਿਹਾਸਕ ਪਿੰਡ ਸ੍ਰੀ ਭੈਣੀ ਸਾਹਿਬ ਲਈ 13 ਕਰੋੜ 36 ਲੱਖ ਰੁਪਏ ਦੀ ਇੱਕ ਵੱਡੀ ਸੀਵਰੇਜ ਯੋਜਨਾ ਨੂੰ ਪ੍ਰਵਾਨਗੀ ਦੇ ਦਿੱਤੀ ਏ।ਇਸ ਪ੍ਰੋਜੈਕਟ ਵਿੱਚ 1.80 ਕਿਲੋਮੀਟਰ ਮੇਨ ਸੀਵਰ ਅਤੇ

18.13 ਕਿਲੋਮੀਟਰ ਲੇਟਰਲ ਸੀਵਰ ਦੇ ਨਾਲ-ਨਾਲ 670 ਘਰਾਂ ਦੇ ਕੁਨੈਕਸ਼ਨ ਵਿਛਾਉਣ ਦੀ ਕਲਪਨਾ ਕੀਤੀ ਗਈ ਏ । ਇਸ ਵਿੱਚ ਇੱਕ ਮੇਨ ਪੰਪਿੰਗ ਸਟੇਸ਼ਨ ਅਤੇ 1.0 MLD ਸਮਰੱਥਾ ਵਾਲੇ ਸੀਵਰੇਜ ਟ੍ਰੀਟਮੈਂਟ ਪਲਾਂਟ  ਦੀ ਉਸਾਰੀ ਵੀ ਸ਼ਾਮਲ ਏ । ਇਸ ਪ੍ਰੋਜੈਕਟ ਦੀ ਮੰਗ ਪਿੰਡ ਪੰਚਾਇਤ ਅਤੇ ਸ੍ਰੀ ਭੈਣੀ ਸਾਹਿਬ ਸੰਪਰਦਾ ਪ੍ਰਬੰਧਨ ਕਮੇਟੀ ਨੇ ਸਾਂਝੇ ਤੌਰ 'ਤੇ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਬਰਿੰਦਰ ਕੁਮਾਰ ਗੋਇਲ ਨੂੰ ਇੱਕ ਰਸਮੀ ਪੱਤਰ ਰਾਹੀਂ ਉਠਾਈ ਸੀ, ਜਿਸ ਵਿੱਚ ਪਿੰਡ ਦੀਆਂ ਗਲੀਆਂ ਵਿੱਚ ਇੱਕ ਪੂਰਾ ਨਵਾਂ ਸੀਵਰ ਨੈੱਟਵਰਕ ਅਤੇ ਪਾਣੀ ਸਪਲਾਈ ਪਾਈਪਾਂ ਪਾਉਣ ਦੀ ਮੰਗ ਕੀਤੀ ਗਈ ਸੀ। ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਦਾ ਨੋਟਿਸ ਲੈਂਦੇ ਹੋਏ, ਮੰਤਰੀ ਨੇ ਇਸ ਸਾਲ 9 ਜਨਵਰੀ ਨੂੰ ਪ੍ਰਮੁੱਖ ਸਕੱਤਰ ਅਤੇ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨਾਲ ਪਿੰਡ ਦਾ ਦੌਰਾ ਕੀਤਾ।   ਮਾਲ ਮੰਤਰੀ ਅਤੇ ਸਾਹਨੇਵਾਲ ਤੋਂ ਸਥਾਨਕ ਵਿਧਾਇਕ, ਹਰਦੀਪ ਸਿੰਘ ਮੁੰਡੀਆਂ ਨੇ ਸ੍ਰੀ ਭੈਣੀ ਸਾਹਿਬ ਲਈ ਇਸ ਮਹੱਤਵਪੂਰਨ ਪ੍ਰੋਜੈਕਟ ਦੀ ਜਲਦੀ

ਪ੍ਰਵਾਨਗੀ ਲਈ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਦਾ ਧੰਨਵਾਦ ਕੀਤਾ ਏ ।

----------------------------------------------------------------------

ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੰਜਾਬ 'ਚ ਖੇਡਾਂ ਸੰਬਧੀ ਅਹਿਮ ਐਲਾਨ ਕੀਤੇ । ਅੱਜ ਚੰਡੀਗੜ੍ਹ ‘ਚ ਇੱਕ ਪ੍ਰੈਸ ਕਾਨਫਰੰਸ ਦੌਰਾਨ ਮੁਖ ਮੰਤਰੀ ਨੇ ਦਸਿਆ ਕਿ ਪੰਜਾਬ ‘ਚ 2 ਵੱਡੇ ਖੇਡ ਮੁਕਾਬਲੇ ਹੋਣ ਜਾ ਰਹੇ ਨੇ । ਉਨ੍ਹਾਂ ਦੱਸਿਆ ਕਿ ਪੰਜਾਬ ਨੂੰ ਪਹਿਲੀ ਵਾਰ ASIAN CHAMPIONS TROPHY ਦੀ ਮੇਜ਼ਬਾਨੀ ਕਰਨ ਦਾ ਮੌਕਾ ਮਿਲਣ ਜਾ ਰਿਹਾ ਏ ।

BYTE

ਪੰਜਾਬ ਦੇ ਖਿਡਾਰੀਆਂ ਬਾਰੇ ਐਲਾਨ ਕਰਦਿਆਂ ਓਹਨਾਂ ਦੱਸਿਆ ਕਿ ਸੂਬੇ ਦੀਆਂ ਸਰਕਾਰੀ ਨੌਕਰੀਆਂ ‘ਚ ਖੇਡਾਂ ਦਾ 3 ਫੀਸਦੀ ਰਾਖਵਾਂ ਕੋਟਾ ਰਖਿਆ ਗਿਆ ਏ. ਓਹਨਾਂ ਔਰਤਾਂ ਦੀ ਭਾਰਤੀ ਕ੍ਰਿਕੇਟ ਟੀਮ ਦੇ ਕਪਤਾਨ ਹਰਮਨਪ੍ਰੀਤ ਕੌਰ ਤੇ ਖਿਡਾਰਨਾਂ ਹਰਲੀਨ ਦਿਓਲ ਅਤੇ ਅਮਨਜੋਤ ਕੌਰ ਨੂੰ ਵਿਸ਼ਵ ਕਪ ਜਿੱਤਣ ਲਈ ਡੇਢ – ਡੇਢ ਕਰੋੜ ਰੁਪਏ ਦੇਣ ਬਾਰੇ ਐਲਾਨ ਵੀ ਕੀਤਾ ।

BYTE

-----------------------------------------------------------------------

ਅੱਜ ਵਿਸ਼ਵ ਤਪਦਿਕ ਦਿਵਸ ਏ । ਇਹ ਦਿਨ ਹਰ ਸਾਲ 24 ਮਾਰਚ ਨੂੰ ਤਪਦਿਕ ਦੇ ਵਿਨਾਸ਼ਕਾਰੀ ਸਿਹਤ, ਸਮਾਜਿਕ ਅਤੇ ਆਰਥਿਕ ਨਤੀਜਿਆਂ ਬਾਰੇ ਜਾਗਰੂਕਤਾ ਪੈਦਾ ਕਰਨ ਅਤੇ ਵਿਸ਼ਵ-ਵਿਆਪੀ ਮਹਾਂਮਾਰੀ ਨੂੰ ਖਤਮ ਕਰਨ ਲਈ ਉਪਰਾਲੇ ਤੇਜ਼ ਕਰਨ ਲਈ ਮਨਾਇਆ ਜਾਂਦਾ ਏ । ਤਪਦਿਕ ਦਿਵਸ ਮੌਕੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਤਪਦਿਕ ਇੱਕ ਮਹੱਤਵਪੂਰਨ ਜਨਤਕ ਸਿਹਤ ਚੁਣੌਤੀ ਬਣਿਆ ਹੋਇਆ ਏ, ਜੋ ਦੁਨੀਆ ਭਰ ਵਿੱਚ ਲੱਖਾਂ ਜਿੰਦਗੀਆਂ ਨੂੰ ਪ੍ਰਭਾਵਿਤ ਕਰਦਾ ਏ । ਰਾਸ਼ਟਰਪਤੀ ਮੁਰਮੂ ਨੇ ਇਹ ਵੀ ਕਿਹਾ ਕਿ ਤਪਦਿਕ ਮੁਕਤ ਭਾਰਤ ਅਭਿਆਨ ਨੇ ਸ਼ੁਰੂਆਤੀ ਤੌਰ ‘ਤੇ ਇਸ ਬਿਮਾਰੀ ਦਾ ਪਤਾ ਲਾਉਣ , ਮੁਫਤ ਇਲਾਜ ਯਕੀਨੀ ਬਣਾਉਣ, ਪੋਸ਼ਣ ਸਹਾਇਤਾ ਨੂੰ ਮਜ਼ਬੂਤ ਕਰਨ ਅਤੇ ਮਰੀਜ਼ਾਂ ਦੀ ਦੇਖਭਾਲ ਨੂੰ ਬਿਹਤਰ ਬਣਾਉਣ ਵਿੱਚ ਇੱਕ ਸ਼ਾਨਦਾਰ ਪ੍ਰਗਤੀ ਕੀਤੀ ਏ । ਓਹਨਾਂ ਸਾਰੇ ਹਿੱਸੇਦਾਰਾਂ ਨੂੰ ਇੱਕ ਵਾਰ ਅਤੇ ਹਮੇਸ਼ਾ ਲਈ

ਤਪਦਿਕ ਨੂੰ ਖਤਮ ਕਰਨ ਲਈ ਸਮੂਹਿਕ ਅਹਿਦ ਨਾਲ ਮਿਲ ਕੇ ਕੰਮ ਕਰਨ ਦੀ ਅਪੀਲ ਕੀਤੀ। ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ ਅੱਜ ਵਿਸ਼ਵ ਤਪਦਿਕ ਦਿਵਸ ਦੇ ਮੌਕੇ 'ਤੇ ਨਾਗਰਿਕਾਂ ਨੂੰ ਇਸ ਨੂੰ ਖਤਮ ਕਰਨ ਅਤੇ ਸਾਰਿਆਂ ਲਈ, ਖਾਸ ਕਰਕੇ ਸਭ ਤੋਂ ਕਮਜ਼ੋਰ ਲੋਕਾਂ ਲਈ ਬਿਹਤਰ ਸਿਹਤ ਯਕੀਨੀ ਬਣਾਉਣ ਦਾ ਸੱਦਾ ਦਿੱਤਾ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸਿਹਤ ਮੰਤਰੀ ਨੇ ਕਿਹਾ ਕਿ ਭਾਰਤ ਨੇ ਰਾਸ਼ਟਰੀ ਤਪਦਿਕ ਦੇ ਖਾਤਮੇ ਸੰਬੰਧੀ ਪ੍ਰੋਗਰਾਮ ਰਾਹੀਂ ਮਹੱਤਵਪੂਰਨ ਤਰੱਕੀ ਕੀਤੀ ਏ, ਰੋਕਥਾਮ, ਖੋਜ ਅਤੇ ਇਲਾਜ ਦੇ ਯਤਨਾਂ ਨੂੰ ਮਜ਼ਬੂਤ ਕੀਤਾ ਏ।

--------------------------------------------------------------------

ਵਿਸ਼ਵ ਟੀ. ਬੀ. ਦਿਵਸ ਮੌਕੇ ਮੁਹਾਲੀ ਜ਼ਿਲ੍ਹੇ ਦੀਆਂ ਵੱਖ-ਵੱਖ ਸਰਕਾਰੀ ਸਿਹਤ ਸੰਸਥਾਵਾਂ ਵਿਚ ਜਾਗਰੂਕਤਾ ਸਮਾਗਮ ਕਰਵਾਏ ਗਏ। ਸਿਵਲ ਸਰਜਨ ਡਾ. ਸੰਗੀਤਾ ਜੈਨ ਅਤੇ ਟੀ. ਬੀ. ਨੋਡਲ ਅਫ਼ਸਰ ਡਾ. ਨਵਦੀਪ ਸਿੰਘ ਨੇ ਦਸਿਆ ਕਿ  ਲੋਕਾਂ ਨੂੰ ਤਪਦਿਕ ਰੋਗ ਦੇ ਕਾਰਨਾਂ, ਲੱਛਣਾਂ, ਬਚਾਅ ਅਤੇ ਇਲਾਜ ਬਾਰੇ

ਜਾਣਕਾਰੀ ਦਿਤੀ ਗਈ ।     ਇਸੇ ਦੌਰਾਨ ਸਿਵਲ ਹਸਪਤਾਲ ਖਰੜ ਦੇ ਟੀਬੀ ਮਾਹਿਰ  ਡਾ: ਰਾਹੁਲ ਭੱਲਾ ਨੇ ਜਾਣਕਾਰੀ ਦਿਤੀ ।

BYTE

-------------------------------------------------------------------

ਓਧਰ ਮਾਨਸਾ ਦੇ ਸਿਵਲ ਹਸਪਤਾਲ ਮਾਨਸਾ ਵਿਖੇ  ਰਾਸ਼ਟਰੀ ਪੱਧਰ ’ਤੇ 100 ਦਿਨਾਂ ਦੀ ਤੀਬਰ ਟੀ.ਬੀ. ਖਾਤਮਾ ਮੁਹਿੰਮ ਦੀ ਰਸਮੀ ਸ਼ੁਰੂਆਤ ਕੀਤੀ ਗਈ ਏ । ਸਿਵਲ ਸਰਜਨ  ਡਾ.ਹਰਿੰਦਰ ਕੁਮਾਰ ਸ਼ਰਮਾ ਨੇ ਦੱਸਿਆ ਕਿ ਟੀ.ਬੀ. ਇੱਕ ਲਾਗ ਦੀ ਬਿਮਾਰੀ ਏ , ਜੋ  ਇਕ ਰੋਗੀ ਤੋਂ ਸਿਹਤਮੰਦ ਇਨਸਾਨ ਤੱਕ ਫੈਲਦੀ ਏ । ਜ਼ਿਲ੍ਹਾ ਟੀ.ਬੀ.ਅਫ਼ਸਰ ਡਾ. ਨਿਸ਼ੀ ਸੂਦ ਨੇ ਟੀ.ਬੀ.ਦੇ ਲੱਛਣਾਂ ਬਾਰੇ ਦੱਸਦਿਆਂ ਕਿਹਾ ਕਿ ਪੰਦਰਾਂ ਦਿਨ ਤੋਂ ਵੱਧ ਖਾਂਸੀ, ਭਾਰ ਦਾ ਘਟਣਾ, ਭੁੱਖ ਨਾ ਲੱਗਣੀ,ਰਾਤ ਨੂੰ ਤਰੇਲੀਆਂ ਆਉਣੀਆਂ, ਹਲਕਾ ਬੁਖਾਰ ਰਹਿਣਾ  ਹੋ ਸਕਦੇ ਏ ।

-------------------------------------------------------------------

ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਅਮਰੂਤ-2 ਯੋਜਨਾ ਅਧੀਨ 16 ਕਰੋੜ 25 ਲੱਖ ਰੁਪਏ ਦੀ ਲਾਗਤ ਨਾਲ ਮਲੋਟ ਸ਼ਹਿਰ ਲਈ ਅੱਜ ਵਾਟਰ ਸਪਲਾਈ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ , ਜਿਸ ਨਾਲ ਲਗਭਗ ਇੱਕ ਲੱਖ ਆਬਾਦੀ ਨੂੰ ਸਿੱਧਾ ਲਾਭ ਮਿਲੇਗਾ। ਉਨ੍ਹਾਂ ਨੇ ਦੱਸਿਆ ਕਿ ਇਸ ਪ੍ਰੋਜੈਕਟ ਤਹਿਤ ਸਰਹਿੰਦ ਫੀਡਰ 'ਤੇ ਨਵੀਂ ਪੰਪਿੰਗ ਮਸ਼ੀਨਰੀ ਲਗਾਈ ਜਾਵੇਗੀ ਅਤੇ ਪੁਰਾਣੀ ਤੇ ਲੀਕੇਜ ਕਾਰਨ ਖਰਾਬ ਹੋ ਚੁੱਕੀ 8300 ਮੀਟਰ ਪਾਇਪ ਲਾਈਨ ਨੂੰ ਬਦਲ ਕੇ ਨਵੀਂ ਲਾਈਨ ਵਿਛਾਈ ਜਾਵੇਗੀ। ਇਸ ਦੇ ਨਾਲ ਹੀ ਸ਼ਹਿਰ ਦੇ ਹਰ ਨੁੱਕਰ ਤੱਕ ਪਾਣੀ ਪਹੁੰਚਾਉਣ ਲਈ ਕਰੀਬ 20 ਕਿਲੋਮੀਟਰ ਨਵੀਂ ਪਾਇਪ ਲਾਈਨ ਵੀ ਵਿਛਾਈ ਜਾਵੇਗੀ। ਉਨ੍ਹਾਂ ਨੇ ਹੋਰ ਦੱਸਿਆ ਕਿ ਇਸ ਯੋਜਨਾ ਤਹਿਤ ਲਗਭਗ 3000 ਘਰਾਂ ਨੂੰ ਨਵੇਂ ਕਨੈਕਸ਼ਨ ਮੁਹੱਈਆ ਕਰਵਾਏ ਜਾਣਗੇ, ਜਿਸ ਨਾਲ ਲੋਕਾਂ ਨੂੰ ਸਾਫ਼ ਅਤੇ ਪੂਰੀ ਮਾਤਰਾ ਵਿੱਚ ਪੀਣ ਵਾਲਾ ਪਾਣੀ ਮਿਲੇਗਾ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਇੱਕ ਸਾਲ ਦੇ ਅੰਦਰ ਪੂਰਾ ਕਰਨ ਦਾ ਟੀਚਾ ਰੱਖਿਆ ਗਿਆ ਏ

ਅਤੇ ਇਸ ਨਾਲ ਇਲਾਕਾ ਵਾਸੀਆਂ ਨੂੰ ਪਾਣੀ ਦੀ ਸਮੱਸਿਆ ਤੋਂ ਵੱਡੀ ਰਾਹਤ ਮਿਲੇਗੀ।

-----------------------------------------------------------------------

ਅੰਮ੍ਰਿਤਸਰ ਤੋਂ ਮਾਤਾ ਵੈਸ਼ਨੋ ਦੇਵੀ ਕਟੜਾ ਤੱਕ ਚੱਲਣ ਵਾਲੀ ਵੰਦੇ ਭਾਰਤ ਐਕਸਪ੍ਰੈੱਸ ਹੁਣ ਗੁਰਦਾਸਪੁਰ ਰੇਲਵੇ ਸਟੇਸ਼ਨ 'ਤੇ ਵੀ ਰੁਕਿਆ ਕਰੇਗੀ । ਇਸ ਫੈਸਲੇ ਨਾਲ ਇਲਾਕੇ ਦੇ ਸ਼ਰਧਾਲੂਆਂ ਅਤੇ ਆਮ ਮੁਸਾਫਰਾਂ ਵਿੱਚ ਖੁਸ਼ੀ ਦੀ ਲਹਿਰ ਏ । ਗਿਰਦਾਸਪੁਰ ਤੋਂ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਬਘੇਲ ਸਿੰਘ  ਨੇ ਇਸ  ਫੈਸਲੇ ਲਈ  ਕੇਂਦਰ ਸਰਕਾਰ ਅਤੇ ਰੇਲਵੇ ਮੰਤਰਾਲੇ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

BYTE

-----------------------------------------------------------------------

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਖੇਤਰੀ ਖੋਜ ਕੇਂਦਰ, ਬਠਿੰਡਾ ਵਿਖੇ ਸਾਉਣੀ ਦੀਆਂ ਫ਼ਸਲਾਂ ਦਾ ਕਿਸਾਨ ਮੇਲਾ ਲਗਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਕਿਸਾਨਾਂ ਅਤੇ ਕਿਸਾਨ ਬੀਬੀਆਂ ਨੇ ਹਿਸਾ ਲਿਆ। ’ਖੇਤੀ ਵਿਭਿੰਨਤਾ

ਅਪਣਾਓ,ਵਡਮੁੱਲਾ ਵਾਤਾਵਰਣ ਬਚਾਓ’ ਦੇ ਉਦੇਸ਼ ਨੂੰ ਲੈਕੇ ਲਗਾਏ ਇਸ ਕਿਸਾਨ ਮੇਲੇ ਵਿੱਚ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਕਿਸਾਨ ਮੇਲੇ ਦੀ ਪ੍ਰਧਾਨਗੀ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ,  ਨੇ ਕੀਤੀ। ਕਿਸਾਨਾਂ ਨੂੰ ਸੰਬੋਧਨ ਕਰਦਿਆਂ ਖੇਤੀਬਾੜੀ ਮੰਤਰੀ ਨੇ ਕਿਹਾ ਕਿ  ਖੇਤੀ ਸਭਿਆਚਾਰ ਦੀਆਂ ਝਲਕੀਆਂ ਪੇਸ਼ ਕਰਦੇ ਖੇਤੀਬਾੜੀ ਯੂਨੀਵਰਸਿਟੀ ਵੱਲੋ ਲਗਾਏ ਜਾਂਦੇ ਕਿਸਾਨ ਮੇਲਿਆਂ ਦੀ ਆਪਣੀ ਹੀ ਵਿਲੱਖਣਤਾ ਏ ।ਉਨ੍ਹਾਂ ਕਿਹਾ ਕਿ ਖੇਤੀ ਜਲਵਾਯੂ ਵਿੱਚ ਹੋ ਰਹੀ ਹਲ-ਚਲ ਕਰਕੇ ਬਦਲ ਰਹੇ ਹਾਲਤ ਕਾਰਨ ਗਿਆਨ, ਵਿਗਿਆਨ ਅਤੇ ਤਕਨਾਲੋਜੀ ਦੇ ਇਸ ਯੁੱਗ ਵਿੱਚ ਖੇਤੀ ਦੀਆਂ ਤਕਨੀਕਾਂ ਵੀ ਨਿਤਾ ਪ੍ਰਤੀ ਬਦਲ ਰਹੀਆਂ ਹਨ ਅਤੇ ਸਮੇ ਦੇ ਹਾਣ ਦਾ ਹੋਣ ਲਈ ਕਿਸਾਨ ਮੇਲਿਆਂ ਵਿੱਚ ਵੱਧ ਤੋ ਵੱਧ ਸ਼ਿਰਕਤ ਕਰਕੇ ਇਸ ਨਵੀਨ ਗਿਆਨ ਨੂੰ ਹਾਸਲ ਕਰਨ ਦੀ ਲੋੜ ਏ ।

-------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪੱਛਮੀ ਏਸ਼ੀਆ ਖੇਤਰ ਵਿੱਚ ਸ਼ਾਂਤੀ ਬਹਾਲ ਕਰਨ ਲਈ ਗੱਲਬਾਤ ਅਤੇ ਕੂਟਨੀਤੀ ਦਾ ਕੀਤਾ ਸਮਰਥਨ ਉਨ੍ਹਾਂ ਦੇਸ਼ ਕੋਲ ਕੱਚੇ ਤੇਲ ਦੇ ਲੋੜੀਂਦੇ ਭੰਡਾਰ ਅਤੇ ਨਿਰੰਤਰ ਸਪਲਾਈ ਦਾ ਭਰੋਸਾ ਦਵਾਇਆ ।

- ਪੰਜਾਬ ਸਰਕਾਰ ਨੇ ਲੁਧਿਆਣਾ ਜ਼ਿਲ੍ਹੇ ਦੇ ਇਤਿਹਾਸਕ ਸ੍ਰੀ ਭੈਣੀ ਸਾਹਿਬ ਪਿੰਡ ਲਈ, 13 ਕਰੋੜ 36 ਲੱਖ ਰੁਪਏ ਦੇ ਮੈਗਾ ਸੀਵਰੇਜ ਪ੍ਰੋਜੈਕਟ ਨੂੰ ਮਨਜ਼ੂਰੀ ਦਿਤੀ ।

- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੰਜਾਬ 'ਚ ਖੇਡਾਂ ਸਬੰਧੀ ਅਹਿਮ ਐਲਾਨ ਕੀਤੇ ।
- ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਖੇਤਰੀ ਖੋਜ ਕੇਂਦਰ, ਬਠਿੰਡਾ ਵਿਖੇ ਸਾਉਣੀ ਦੀਆਂ ਫ਼ਸਲਾਂ ਬਾਰੇ ਕਿਸਾਨ ਮੇਲੇ ਦਾ ਆਯੋਜਨ ।

---

**ਇਸਦੇ ਨਾਲ  ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ  ਬੁਲੇਟਿਨ ਤੁਸੀਂ ਸੁਣੋਗੇ  7 ਵੱਜਕੇ  30  ਮਿੰਟ  'ਤੇ**

**ਨਮਸਕਾਰ  !**